ਵਿਸ਼ਾ:- ਪੰਜਾਬੀ ਸੂਬੇ ਦੀ 50ਵੀਂ ਵਰੇਗੰਢ ਮਨਾਉਣ ਬਾਰੇ।

ਪੰਜਾਬ ਸਰਕਾਰ ਵਲੋਂ ਪੰਜਾਬੀ ਸੂਬਾ ਹੋਂਦ ਵਿੱਚ ਆਉਣ ਦੀ 50ਵੀਂ ਵਰੇਗੰਢ ਮਨਾਈ ਜਾ ਰਹੀ ਹੈ ਜਿਸ ਸਬੰਧੀ ਪੰਜਾਬ ਡੇ (1 ਨਵੰਬਰ 2016) ਤੋਂ ਮਹੀਨਾਂ ਭਰ ਪਹਿਲਾਂ ਸਰਕਾਰ ਵਲੋਂ ਵੱਖ-ਵੱਖ ਗਤੀਵਿਧੀਆਂ ਕਰਵਾਈਆਂ ਜਾਣਗੀਆਂ। ਇਸ ਲੜੀ ਵਿੱਚ ਸਕੂਲ ਸਿੱਖਿਆ ਵਿਭਾਗ ਪੰਜਾਬ ਵਲੋਂ ਵੀ ਯੋਗਦਾਨ ਪਾਇਆ ਜਾਣਾ ਹੈ, ਜਿਸ ਤਹਿਤ ਪੰਜਾਬੀ ਮਾਂ ਬੋਲੀ, ਪੰਜਾਬ ਦੇ ਇਤਿਹਾਸ, ਸਾਹਿਤ, ਸੱਭਿਆਚਾਰ, ਵਿਰਸਾ, ਪੰਜਾਬੀ ਲੋਕ ਨਾਚ, ਲੋਕ ਗੀਤ, ਪੰਜਾਬ ਦੀਆਂ ਖੇਡਾਂ ਆਦਿ ਨੂੰ ਪ੍ਰਫੁੱਲਤ ਕਰਨ ਲਈ ਪ੍ਰੋਗਰਾਮ ਕਰਵਾਏ ਜਾਣੇ ਹਨ। ਸਿੱਖਿਆ ਵਿਭਾਗ ਪੰਜਾਬ ਵਲੋਂ ਉਲੀਕੇ ਜਾ ਰਹੇ ਇਸ ਪ੍ਰੋਗਰਾਮ ਨੂੰ ਸਾਰਥਕ ਢੰਗ ਨਾਲ ਨੇਪਰੇ ਚਾੜ੍ਹਨ ਲਈ ਵਿਭਾਗ ਦੇ ਸਮੂਹ ਅਧਿਕਾਰੀਆਂ/ਅਧਿਆਪਕਾਂ/ਕਰਮਚਾਰੀਆਂ ਤੋਂ ਵੱਡਮੁੱਲੇ ਸੁਝਾਅ ਅਤੇ ਯੋਗਦਾਨ ਪਾਉਣ ਲਈ ਤਜਵੀਜ਼ਾਂ ਮੰਗੀਆਂ ਜਾਂਦੀਆਂ ਹਨ ਜੋ ਕਿ ਵਿਭਾਗ ਦੀ ਵੈਬਸਾਈਟ **ssapunjab.org** ਤੇ ਮਿਤੀ 09-07-16 ਸ਼ਾਮ ਤੱਕ ਹਰ ਹਾਲਤ ਵਿੱਚ ਭੇਜਣੀਆਂ ਯਕੀਨੀ ਬਣਾਈਆਂ ਜਾਣ, ਤਾਂ ਜੋ ਇਹ ਮਾਨਯੋਗ ਸਿੱਖਿਆ ਮੰਤਰੀ ਜੀ ਦੀ ਪ੍ਰਧਾਨਗੀ ਹੇਠ ਮਿਤੀ 11-07-16 (1:00 ਵਜੇ) ਨੂੰ ਇਸ ਵਿਸ਼ੇ ਸਬੰਧੀ ਹੋਣ ਵਾਲੀ ਪਹਿਲੀ ਮੀਟਿੰਗ ਵਿੱਚ ਵਿਚਾਰੀਆਂ ਜਾਣ।

5/7/16

ਡਾਇਰੈਕਟਰ ਸਿੱਖਿਆ ਵਿਭਾਗ (ਸੈਸਿ)